# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :12-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਵਿੱਚ ਹੋਏ ਕਾਰ ਧਮਾਕੇ ਦੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ. ਓਹਨਾਂ ਕਿਹਾ ਕਿ ਇਸ ਸਾਜ਼ਿਸ਼ ਲਈ ਜ਼ਿੰਮੇਵਾਰ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ।
- ਕੇਂਦਰੀ ਰੇਲਵੇ ਮੰਤਰਾਲੇ ਨੇ 25.72 ਕਿਲੋਮੀਟਰ ਲੰਮੇ ਫਿਰੋਜ਼ਪੁਰ-ਪੱਟੀ ਰੇਲ ਲਿੰਕ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਏ.
- ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਮੱਦੇਨਜ਼ਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਜ 'ਵ੍ਹਾਈਟ ਸਿਟੀ' ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ।

- ਅੱਜ ਲੋਕ ਸੇਵਾ ਪ੍ਰਸਾਰਣ ਦਿਵਸ ਮਨਾਇਆ ਜਾ ਰਿਹਾ ਏ. ।
- ਪੰਜਾਬੀ ਨਾਵਲ - Jaddu Patta, ਨੂੰ ਸਾਹਿਤ ਅਕਾਦਮੀ ਵਲੋਂ ਬਾਲ ਸਾਹਿਤ ਪੁਰਸਕਾਰ ਲਈ ਚੁਣਿਆ ਗਿਆ ਏ ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੋਮਵਾਰ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਹੋਏ ਕਾਰ ਧਮਾਕੇ ਵਿੱਚ ਜ਼ਖਮੀਆਂ ਨੂੰ ਮਿਲਣ ਲਈ ਅੱਜ ਲੋਕ ਨਾਇਕ ਜੈ ਪ੍ਰਕਾਸ਼ ਨਾਰਾਇਣ ਹਸਪਤਾਲ ਦਾ ਦੌਰਾ ਕੀਤਾ। ਭੂਟਾਨ ਦੀ ਆਪਣੀ ਦੋ ਦਿਨਾਂ ਯਾਤਰਾ ਦੀ ਸਮਾਪਤੀ ਤੋਂ ਬਾਅਦ ਪ੍ਰਧਾਨ ਮੰਤਰੀ ਦਿੱਲੀ ਪਹੁੰਚਣ ਤੋਂ ਤੁਰੰਤ ਬਾਅਦ ਹਸਪਤਾਲ ਪਹੁੰਚੇ। ਸ਼੍ਰੀ ਮੋਦੀ ਨੇ ਜ਼ਖਮੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ। ਉਨ੍ਹਾਂ ਨੂੰ ਹਸਪਤਾਲ ਦੇ ਅਧਿਕਾਰੀਆਂ ਅਤੇ ਡਾਕਟਰਾਂ ਨੇ ਵੀ ਜਾਣਕਾਰੀ ਦਿੱਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ, ਸਾਜ਼ਿਸ਼ ਦੇ ਪਿੱਛੇ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ।

-------------------------------------------------------

ਇਸ ਦੌਰਾਨ ਦਿੱਲੀ ਧਮਾਕੇ 'ਤੇ ਕੇਂਦਰੀ ਮੰਤਰੀ ਰਵਨੀਤ ਬਿੱਟੂ ਨੇ ਕਿਹਾ ਏ ਕਿ ਕਿਉਂਕਿ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ, ਇਸ ਲਈ ਲੋਕਾਂ ਨੂੰ ਚਿੰਤਾ ਕਰਨ ਦੀ ਲੋੜ ਨਹੀਂ ਏ। ਆਪ੍ਰੇਸ਼ਨ ਸਿੰਦੂਰ ਜਾਰੀ ਏ ਤੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਜ਼ਿਕਰਯੋਗ ਏ ਕਿ ਹਾਲ ਹੀ ਵਿੱਚ, ਵੱਡੀ ਮਾਤਰਾ ਵਿੱਚ ਧਮਾਕਾਖੇਜ਼ ਸਮਗਰੀ ਬਰਾਮਦ ਕੀਤੀ ਗਈ ਏ ਤੇ ਨਾਲ ਹੀ, ਸਰਹੱਦੀ ਇਲਾਕਿਆਂ ਦੇ ਨੇੜੇ ਹਥਿਆਰਾਂ ਦਾ ਇੱਕ ਵੱਡਾ ਭੰਡਾਰ ਮਿਲਿਆ ਸੀ। ਸ੍ਰੀ ਸ਼ਾਹ ਨੇ ਕਿਹਾ ਏ ਕਿ ਜ਼ਿੰਮੇਵਾਰ ਲੋਕ ਇਸਦਾ ਭੁਗਤਾਨ ਕਰਨਗੇ.

----------------------------------------------------

ਇਧਰ ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਦਿੱਲੀ ਵਿੱਚ ਵਾਪਰੀ ਹਾਲੀਆ ਘਟਨਾ 'ਤੇ ਵਿਰੋਧੀ ਪਾਰਟੀਆਂ ਦੀ ਚੁੱਪੀ 'ਤੇ ਸਵਾਲ ਉਠਾਏ। ਅੱਜ ਅੰਮ੍ਰਿਤਸਰ ਆਰਟ ਗੈਲਰੀ ਦਾ ਦੌਰਾ ਕਰਨ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਕਦੇ ਦਹਿਸ਼ਤਗਰਦ ਕਸਾਬ ਲਈ ਰਾਤ ਨੂੰ ਅਦਾਲਤ ਦੇ ਦਰਵਾਜ਼ੇ ਖੁਲਵਾਏ ਸਨ, ਅਤੇ ਜਿਨ੍ਹਾਂ ਨੇ ਯਾਸੀਨ ਮਲਿਕ ਵਰਗੇ ਲੋਕਾਂ ਨਾਲ

ਤਸਵੀਰਾਂ ਖਿਚਵਾਈਆਂ ਸਨ, ਓਹੀ ਅੱਜ ਚੁੱਪ ਨੇ. ਇਹ ਬਹੁਤ ਹੀ ਨਿੰਦਣਯੋਗ ਅਤੇ ਮੰਦਭਾਗਾ ਏ –

byte

ਉਨ੍ਹਾਂ ਕਿਹਾ ਕਿ ਕੁਝ ਵੰਸ਼ਵਾਦੀ ਪਾਰਟੀਆਂ ਆਪਣੇ ਪ੍ਰੋਗਰਾਮਾਂ ਵਿੱਚ ਰੁੱਝੀਆਂ ਹੋਈਆਂ ਨੇ, ਜਦੋਂ ਕਿ ਦੇਸ਼ ਦੀ ਸੁਰੱਖਿਆ ਅਤੇ ਸ਼ਹੀਦਾਂ ਦੇ ਸਤਿਕਾਰ 'ਤੇ ਚੁੱਪ ਨੇ. ਪੰਜਾਬ ਵਿੱਚ ਤਰਨਤਾਰਨ ਚੋਣਾਂ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਭਾਜਪਾ ਪਹਿਲੀ ਵਾਰ ਮਜ਼ਬੂਤੀ ਨਾਲ ਸਾਹਮਣੇ ਆਈ ਏ। ਲੋਕ ਆਮ ਆਦਮੀ ਪਾਰਟੀ ਨੂੰ ਭੁਲਾ ਰਹੇ ਨੇ ਅਤੇ ਕਾਂਗਰਸ ਦੋਵਾਂ ਤੋਂ ਨਾਖੁਸ਼ ਏ ਅਤੇ ਹੁਣ ਭਾਜਪਾ ਨੂੰ ਇੱਕ ਮਜ਼ਬੂਤ ਵਿਕਲਪ ਵਜੋਂ ਦੇਖਦੀ ਏ। ਸ੍ਰੀ ਚੁਘ ਨੇ ਇਹ ਵੀ ਕਿਹਾ ਕਿ ਕੇਂਦਰ ਸਰਕਾਰ ਨੇ 34 ਹਜ਼ਾਰ ਕਰੋੜ ਰੁਪਏ ਸਿਧਿਆਂ ਪੰਜਾਬ ਦੇ ਕਿਸਾਨਾਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕਰਕੇ ਪਾਰਦਰਸ਼ਤਾ ਦੀ ਇੱਕ ਉਦਾਹਰਣ ਕਾਇਮ ਕੀਤੀ ਏ, ਅਤੇ ਪ੍ਰਧਾਨ ਮੰਤਰੀ ਮੋਦੀ ਦਾ ਇਹ ਕਦਮ ਸ਼ਲਾਘਾਯੋਗ ਏ .

---------------------------------------------------------

ਕੇਂਦਰੀ ਰੇਲਵੇ ਮੰਤਰਾਲੇ ਨੇ ਫਿਰੋਜ਼ਪੁਰ-ਪੱਟੀ ਰੇਲ ਲਿੰਕ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਏ, ਜਿਸਦੀ ਕੁੱਲ ਲੰਮਾਈ 25.72 ਕਿਲੋਮੀਟਰ ਏ । ਇਹ ਪ੍ਰੋਜੈਕਟ, ਇੱਕ ਵਾਰ ਪੂਰਾ ਹੋਣ ਤੋਂ ਬਾਅਦ, ਫਿਰੋਜ਼ਪੁਰ ਅਤੇ ਅੰਮ੍ਰਿਤਸਰ ਵਿਚਕਾਰ ਦੂਰੀ ਨੂੰ 196 ਕਿਲੋਮੀਟਰ ਤੋਂ ਘਟਾ ਕੇ ਲਗਭਗ 100 ਕਿਲੋਮੀਟਰ ਕਰ ਦੇਵੇਗਾ। ਕੇਂਦਰੀ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਇਸਦਾ ਐਲਾਨ ਕਰਦੇ ਹੋਏ ਕਿਹਾ ਕਿ ਇਹ ਪ੍ਰੋਜੈਕਟ 764.19 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਪੂਰਾ ਹੋਵੇਗਾ, ਜਿਸ ਵਿੱਚ 166 ਕਰੋੜ ਰੁਪਏ ਜ਼ਮੀਨ ਪ੍ਰਾਪਤੀ ਲਈ ਸ਼ਾਮਲ ਏ । ਪ੍ਰੋਜੈਕਟ ਦੀ ਸਾਰੀ ਲਾਗਤ ਰੇਲਵੇ ਵੱਲੋਂ ਸਹਿਣ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਤਰਾਲੇ ਨੇ ਜ਼ਮੀਨ ਦੀ ਜਲਦ ਪ੍ਰਾਪਤੀ ਲਈ ਪੰਜਾਬ ਦੇ ਮੁੱਖ ਸਕੱਤਰ ਨੂੰ ਪੱਤਰ ਲਿਖਿਆ ਏ. ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਨਾ ਸਿਰਫ਼ ਰਣਨੀਤਕ ਅਤੇ ਆਰਥਿਕ ਮਹੱਤਵ ਰੱਖਦਾ ਏ, ਸਗੋਂ ਇਹ ਪੰਜਾਬ ਦੇ ਮਾਲਵਾ ਅਤੇ ਮਾਝਾ ਖੇਤਰਾਂ ਵਿਚਕਾਰ ਇੱਕ ਮਹੱਤਵਪੂਰਨ ਲਿੰਕ ਵਜੋਂ ਕੰਮ ਕਰੇਗਾ ਜੋ ਜਲੰਧਰ-ਫਿਰੋਜ਼ਪੁਰ ਅਤੇ ਪੱਟੀ-ਖੇਮਕਰਨ ਰੂਟਾਂ ਨੂੰ ਜੋੜਦਾ ਏ । ਇਹ

ਪ੍ਰੋਜੈਕਟ ਮਹੱਤਵਪੂਰਨ ਸਮਾਜਿਕ-ਆਰਥਿਕ ਲਾਭਾਂ ਦਾ ਵੀ ਵਾਅਦਾ ਕਰਦਾ ਏ, ਜਿਸ ਨਾਲ ਲਗਭਗ 10 ਲੱਖ ਲੋਕਾਂ ਨੂੰ ਲਾਭ ਹੋਵੇਗਾ ਅਤੇ ਰੁਜ਼ਗਾਰ ਦੇ ਲਗਭਗ ਢਾਈ ਲੱਖ ਮੌਕੇ ਪੈਦਾ ਹੋਣਗੇ।

----------------------------------------------------------

ਸ੍ਰੀ ਅਨੰਦਪੁਰ ਸਾਹਿਬ ਦੇ ਅਧਿਆਤਮਿਕ ਅਤੇ ਇਤਿਹਾਸਕ ਮਾਹੌਲ 'ਚ ਵਾਧਾ ਕਰਨ ਅਤੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸ਼ਰਧਾ ਪੂਰਨ ਢੰਗ ਨਾਲ ਮਨਾਉਣ ਲਈ ਅੱਜ 'ਵ੍ਹਾਈਟ ਸਿਟੀ' ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਏ । ਇਸ ਮੌਕੇ ਕਿਲ੍ਹਾ ਅਨੰਦਗੜ੍ਹ ਸਾਹਿਬ ਕਾਰ ਸੇਵਾ ਵਾਲੇ ਬਾਬਾ ਸਤਨਾਮ ਸਿੰਘ ਜੀ ਵੱਲੋਂ ਅਰਦਾਸ ਕੀਤੀ ਗਈ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਸ੍ਰੀ ਹਰਜੋਤ ਸਿੰਘ ਬੈਂਸ ਨੇ ਸਥਾਨਕ ਬੱਸ ਸਟੈਂਡ ਤੋਂ ਪੂਰੇ ਸ਼ਹਿਰ ਨੂੰ ਸਫੇਦ ਰੰਗ ਨਾਲ ਰੰਗਣ ਲਈ ਇਸ ਅਹਿਮ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ। ਇਸ ਪ੍ਰੋਜੈਕਟ ਦੇ ਦ੍ਰਿਸ਼ਟੀਕੋਣ ਬਾਰੇ ਜਾਣਕਾਰੀ ਦਿੰਦਿਆਂ ਸ੍ਰੀ ਹਰਜੋਤ ਸਿੰਘ ਬੈਂਸ ਨੇ ਕਿਹਾ, "ਅੱਜ, ਅਸੀਂ ਸ੍ਰੀ ਅਨੰਦਪੁਰ ਸਾਹਿਬ ਨੂੰ ਸੁੰਦਰਤਾ, ਸ਼ਾਂਤੀ ਅਤੇ ਸ਼ਰਧਾ ਦਾ

ਚਾਨਣ ਮੁਨਾਰਾ ਬਣਾਉਣ ਦੇ ਰਾਹ 'ਤੇ ਨਿਕਲੇ ਹਾਂ। ਇਹ ਪ੍ਰੋਜੈਕਟ ਸਾਡੇ ਅਮੀਰ ਵਿਰਸੇ ਅਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨਾਲ ਇੱਕ ਵਾਅਦਾ ਏ । ਸਾਰੇ ਭਾਈਚਾਰਿਆਂ ਤੋਂ ਮਿਲ ਰਹੀ ਭਰਵੀਂ ਹਮਾਇਤ ਦਾ ਜ਼ਿਕਰ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਲੋਕ ਭਲਾਈ ਨੂੰ ਸਮਰਪਿਤ ਵਿਅਕਤੀਆਂ ਨੇ ਸ਼ੁਰੂਆਤੀ ਪੜਾਅ ਲਈ 20 ਹਜ਼ਾਰ ਲੀਟਰ ਤੋਂ ਵੱਧ ਸਫੇਦ ਪੇਂਟ ਦਾ ਯੋਗਦਾਨ ਪਾਇਆ ਏ । ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਆਪਸੀ ਭਾਈਚਾਰੇ ਅਤੇ ਸਮੂਹਿਕ ਯਤਨਾਂ ਦੀ ਭਾਵਨਾ ਦਾ ਇੱਕ ਪ੍ਰਤੱਖ ਪ੍ਰਮਾਣ ਏ। ਨੌਜਵਾਨਾਂ ਅਤੇ ਪੰਚਾਇਤਾਂ ਨੂੰ ਇਸ ਵੱਡੀ ਸੇਵਾ ਵਿੱਚ ਹਿੱਸਾ ਲੈਣ ਦੀ ਅਪੀਲ ਕਰਦਿਆਂ, ਸਿੱਖਿਆ ਮੰਤਰੀ ਨੇ ਕਿਹਾ, "ਅਸੀਂ ਅਗਲੇ ਪੰਜ ਤੋਂ ਸੱਤ ਦਿਨਾਂ ਵਿੱਚ ਹਰ ਗਲੀ ਅਤੇ ਹਰ ਮੁਹੱਲੇ ਨੂੰ ਕਵਰ ਕਰਾਂਗੇ ਅਤੇ ਇਹ ਯਕੀਨੀ ਬਣਾਵਾਂਗੇ ਕਿ ਸਫੇਦ ਰੰਗ ਨਾਲ ਇਸ ਪਵਿੱਤਰ ਨਗਰੀ ਦੀ ਸੁੰਦਰਤਾ ਨੂੰ ਹੋਰ ਚਾਰ ਚੰਨ ਲਗਾਏ ਜਾਣ. ਸਿੱਖਿਆ ਮੰਤਰੀ ਨੇ ਇਸ ਪ੍ਰੋਜੈਕਟ ਲਈ ਸਮੁੱਚੇ ਪ੍ਰਸ਼ਾਸਨ ਵੱਲੋਂ ਪੂਰਨ ਹਮਾਇਤ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਕਿ 'ਵ੍ਹਾਈਟ ਸਿਟੀ'

ਪ੍ਰੋਜੈਕਟ ਨੂੰ ਇੱਕ ਨਿਰੰਤਰ ਮੁਹਿੰਮ ਵਜੋਂ ਅੱਗੇ ਵਧਾਇਆ ਜਾਵੇਗਾ ਅਤੇ ਇਸ ਦੇ ਮੌਜੂਦਾ ਪੜਾਅ ਤਹਿਤ ਸ੍ਰੀ ਅਨੰਦਪੁਰ ਸਾਹਿਬ ਦੇ ਸੰਪੂਰਨ ਅਤੇ ਸਥਾਈ ਸੁੰਦਰੀਕਰਨ ਨੂੰ ਯਕੀਨੀ ਬਣਾਇਆ ਜਾਵੇਗਾ.

---------------------------------------------------

ਅੱਜ ਲੋਕ ਸੇਵਾ ਪ੍ਰਸਾਰਣ ਦਿਵਸ ਏ । ਇਹ ਦਿਨ ਹਰ ਸਾਲ 12 ਨਵੰਬਰ ਨੂੰ ਰਾਸ਼ਟਰ ਪਿਤਾ ਅਤੇ ਸਵਤੰਤਰਤਾ ਸੰਗਰਾਮੀ, ਮਹਾਤਮਾ ਗਾਂਧੀ ਦੇ ਰੇਡੀਓ ਰਾਹੀਂ ਦਿੱਤੇ ਇਤਿਹਾਸਕ ਭਾਸ਼ਣ ਦੀ ਯਾਦ ਵਿਚ ਮਨਾਇਆ ਜਾਂਦਾ ਏ ।

byte

ਪ੍ਰਸਾਰਣ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਦਿਨ ਸੀ. ਪੇਸ਼ ਏ ਇੱਕ ਰਿਪੋਰਟ –

ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੇ 1947 ਵਿੱਚ ਇਸੇ ਦਿਨ ਨਵੀਂ ਦਿੱਲੀ ਦੇ Broadcasting House ਦਾ ਆਪਣਾ ਪਹਿਲਾ ਅਤੇ ਇਕਲੌਤਾ ਦੌਰਾ ਕੀਤਾ ਸੀ। ਸ਼੍ਰੀ ਗਾਂਧੀ ਨੇ ਦੀਵਾਲੀ ਦੇ ਤਿਉਹਾਰ 'ਤੇ ਇੱਕ ਵਿਸ਼ੇਸ਼ ਪ੍ਰਸਾਰਣ ਰਾਹੀਂ ਕੁਰੂਕਸ਼ੇਤਰ ਵਿੱਚ ਰਹਿ ਰਹੇ ਅਤੇ ਪਾਕਿਸਤਾਨ ਤੋਂ ਬੇਘਰ ਹੋ ਕੇ ਆਏ ਦੁਖੀ ਭਾਰਤੀਆਂ ਨੂੰ ਸੰਬੋਧਨ ਕੀਤਾ। ਆਜ਼ਾਦੀ ਘੁਲਾਟੀਏ ਰਾਜਕੁਮਾਰੀ ਅੰਮ੍ਰਿਤ ਕੌਰ ਵੀ ਇਸ ਦੌਰੇ ਦੌਰਾਨ ਉਨ੍ਹਾਂ ਦੇ ਨਾਲ ਸਨ। ਬ੍ਰੌਡਕਾਸਟਿੰਗ ਹਾਊਸ ਦੇ ਸਟੂਡੀਓ ਨੂੰ ਉਨ੍ਹਾਂ ਦੀਆਂ ਰੋਜ਼ਾਨਾ ਪ੍ਰਾਰਥਨਾ ਸਭਾਵਾਂ ਦੀ ਸ਼ੈਲੀ

ਵਿੱਚ ਨੁਹਾਰ ਦਿੱਤੀ ਗਈ ਸੀ। ਅਗਲੇ ਦਿਨ, ਹਿੰਦੁਸਤਾਨ ਟਾਈਮਜ਼ ਨੇ ਇੱਕ ਸੁਰਖੀ ਛਾਪੀ, ਮਹਾਤਮਾ ਗਾਂਧੀ ਨੇ ਰੇਡੀਓ ਨੂੰ ਚਮਤਕਾਰੀ ਸ਼ਕਤੀ ਦੀ ਉਦਾਹਰਣ ਦੱਸਿਆ। ਇਸ ਤੋਂ ਬਾਅਦ, ਬਿਰਲਾ ਹਾਊਸ ਵਿੱਚ ਸ਼੍ਰੀ ਗਾਂਧੀ ਦੀਆਂ ਰੋਜ਼ਾਨਾ ਪ੍ਰਾਰਥਨਾ ਸਭਾਵਾਂ ਰਿਕਾਰਡ ਕੀਤੀਆਂ ਜਾਣੀਆਂ ਸ਼ੁਰੂ ਹੋ ਗਈਆਂ, ਅਤੇ ਇਹ ਰਿਕਾਰਡਿੰਗਾਂ ਅੱਜ ਤੱਕ Prasar Bharati Archives ਵਿੱਚ ਸੁਰੱਖਿਅਤ ਨੇ. ਸਾਲ 2000 ਵਿੱਚ, ਉਸ ਸਮੇਂ ਦੇ ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰੀ, ਸੁਸ਼ਮਾ ਸਵਰਾਜ ਨੇ ਐਲਾਨ ਕੀਤਾ ਕਿ ਹਰ ਸਾਲ 12 ਨਵੰਬਰ ਦੇ ਦਿਨ ਨੂੰ ਹੁਣ ਤੋਂ ਲੋਕ ਸੇਵਾ ਪ੍ਰਸਾਰਣ ਦਿਵਸ ਵਜੋਂ ਮਨਾਇਆ ਜਾਵੇਗਾ। ਉਦੋਂ ਤੋਂ, ਆਕਾਸ਼ਵਾਣੀ ਹਰ ਸਾਲ ਇਸ ਮੌਕੇ ਨੂੰ ਵਿਸ਼ੇਸ਼ ਪ੍ਰੋਗਰਾਮਾਂ ਅਤੇ ਸਮਾਗਮਾਂ ਨਾਲ ਮਨਾਉਂਦੀ ਆ ਰਹੀ ਏ ।

------------------------------------------------------------

ਸਾਹਿਤ ਅਕਾਦਮੀ ਦੇ ਬਾਲ ਸਾਹਿਤ ਵਿੱਚ ਸਾਲਾਨਾ award  - ਬਾਲ ਸਾਹਿਤ ਪੁਰਸਕਾਰ 2025 ਸ਼ੁੱਕਰਵਾਰ, 14 ਨਵੰਬਰ ਨੂੰ ਨਵੀਂ ਦਿੱਲੀ ਵਿੱਚ ਪ੍ਰਦਾਨ ਕੀਤੇ ਜਾਣਗੇ। ਪੰਜਾਬ ਤੋਂ, ਅੰਮ੍ਰਿਤ ਪਾਲ ਸਿੰਘ, ਜਿਹਨਾਂ ਨੂੰ ਸੰਗਰੂਰ ਦੇ ਅਹਿਮਦਗੜ੍ਹ ਦੇ ਪਾਲੀ ਖਾਦਿਮ ਵਜੋਂ ਵੀ ਜਾਣਿਆ ਜਾਂਦਾ ਏ, ਵਲੋਂ ਲਿਖੇ ਇੱਕ ਪੰਜਾਬੀ ਨਾਵਲ - Jaddu Patta, ਨੂੰ ਵੀ ਪੁਰਸਕਾਰ ਲਈ ਚੁਣਿਆ ਗਿਆ ਏ । ਪੇਸ਼ੇ ਤੋਂ ਇੱਕ ਅਧਿਆਪਕ, ਅੰਮ੍ਰਿਤ ਪਾਲ ਸਿੰਘ ਨੂੰ ਪਹਿਲਾਂ ਸਾਲ 2023 ਵਿੱਚ ਅਧਿਆਪਨ ਵਿੱਚ ਰਾਸ਼ਟਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਏ । ਇਹ award

ਅਕੈਡਮੀ ਦੇ ਪ੍ਰਧਾਨ, ਮਾਧਵ ਕੌਸ਼ਿਕ ਵਲੋਂ ਪੇਸ਼ ਕੀਤੇ ਜਾਣਗੇ। ਉੱਘੇ ਗੁਜਰਾਤੀ ਲੇਖਕ, ਵਰਸ਼ਾ ਦਾਸ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। award ਪ੍ਰਾਪਤ ਕਰਨ ਵਾਲਿਆਂ ਨੂੰ ਉਨ੍ਹਾਂ ਦੀਆਂ ਰਚਨਾਵਾਂ ਦੇ ਸਨਮਾਨ ਵਿੱਚ 50, ਹਜ਼ਾਰ ਰੁਪਏ ਦਾ ਚੈੱਕ ਅਤੇ ਇੱਕ ਕਾਂਸੀ ਦੀ ਤਖ਼ਤੀ ਮਿਲੇਗੀ।

-------------------------------------------------------

ਚੁਗਿਰਦਾ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਲੁਧਿਆਣੇ ਦੇ ਬੁੱਢੇ ਦਰਿਆ ਵਿਚ ਪੈ ਰਹੇ ਗੰਦੇ ਪਾਣੀਆਂ ਨੂੰ ਲੈ ਕੇ ਲੁਧਿਆਣਾ ਪ੍ਰਸ਼ਾਸ਼ਨ ਦੀ ਤਿੱਖੀ ਨੁਕਤਾਚੀਨੀ ਕੀਤੀ ਏ। ਉਨ੍ਹਾਂ ਗਊਘਾਟ ਜਾ ਕੇ ਜਮਾਲਪੁਰ ਡਰੇਨ ਦਾ ਗੰਦਾ ਪਾਣੀ ਬੁੱਢੇ ਦਰਿਆ ਵਿੱਚ ਜਾਣ ‘ਤੇ ਅਧਿਕਾਰੀਆਂ ਦੀ ਕਾਰਗੁਜ਼ਾਰੀ ‘ਤੇ ਤਿੱਖੇ ਸਵਾਲ ਉਠਾਉਂਦਿਆਂ ਕਿਹਾ ਕਿ ਜੇਕਰ ਇਹ ਅਧਿਕਾਰੀ ਇਕ ਰਾਜ ਸਭਾ ਮੈਂਬਰ ਦੀ ਸੁਣਵਾਈ ਨਹੀਂ ਕਰ ਰਹੇ ਤਾਂ ਫਿਰ ਆਮ ਲੋਕਾਂ ਦੀ ਕਿਵੇਂ ਸੁਣਦੇ ਹੋਣਗੇ। ਓਹਨਾ ਆਮ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਸ ਮਾਮਲੇ ਵਿਰੁੱਧਅਵਾਜ਼ ਬੁਲੰਦ ਕਰਨ। ਸੰਤ ਸੀਚੇਵਾਲ ਨੇ ਕਿਹਾ ਕਿ ਉਹ ਇਸ ਬਾਰੇ ਪੰਜਾਬ

ਦੇ ਰਾਜਪਾਲ ਤੇ ਮੁੱਖ ਮੰਤਰੀ ਨੂੰ  ਵੀ ਜਾਣੂ ਕਰਵਾਉਣਗੇ. ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਟਰੀਟਮੈਂਟ ਪਲਾਂਟਾਂ ‘ਤੇ 650 ਕਰੋੜ ਰੁਪਏ ਖਰਚ ਕਰ ਦਿੱਤੇ ਨੇ,  ਪਰ ਗੰਦਾ ਪਾਣੀ ਫਿਰ ਵੀ ਬੁੱਢੇ ਦਰਿਆ ਵਿੱਚ ਪੈ ਰਿਹਾ ਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਵਿੱਚ ਹੋਏ ਕਾਰ ਧਮਾਕੇ ਦੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ. ਓਹਨਾਂ ਕਿਹਾ ਕਿ ਇਸ ਸਾਜ਼ਿਸ਼ ਲਈ ਜ਼ਿੰਮੇਵਾਰ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ।
- ਕੇਂਦਰੀ ਰੇਲਵੇ ਮੰਤਰਾਲੇ ਨੇ 25.72 ਕਿਲੋਮੀਟਰ ਲੰਮੇ ਫਿਰੋਜ਼ਪੁਰ-ਪੱਟੀ ਰੇਲ ਲਿੰਕ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਏ.
- ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਮੱਦੇਨਜ਼ਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਜ 'ਵ੍ਹਾਈਟ ਸਿਟੀ' ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ।
- ਅੱਜ ਲੋਕ ਸੇਵਾ ਪ੍ਰਸਾਰਣ ਦਿਵਸ ਮਨਾਇਆ ਜਾ ਰਿਹਾ ਏ. ।

ਪੰਜਾਬੀ ਨਾਵਲ - Jaddu Patta, ਨੂੰ ਸਾਹਿਤ ਅਕਾਦਮੀ ਵਲੋਂ ਬਾਲ ਸਾਹਿਤ ਪੁਰਸਕਾਰ ਲਈ ਚੁਣਿਆ ਗਿਆ ਏ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**